ਫ ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)

# ਅਧਿਸੂਚਨਾ

ਮਿਤੀ, ਚੰਡੀਗੜ੍ਹ:21.12.2016

ਨੰ: 16/03(20)/2016-5ਸਸ3/2842 ਜਿਵੇਂ ਕਿ ਨਗਰ ਪੰਚਾਇਤ, ਮੂਨਕ, ਜਿਲ੍ਹਾ ਸੰਗਰੂਰ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ:116 ਮਿਤੀ 07.9.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਪੰਚਾਇਤ ਵੱਲੋ ਆਪਣੇ ਮਤਾ ਨੰ:146 ਮਿਤੀ 20.01.2016 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955"(15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਪੰਚਾਇਤ, ਮੂਨਕ, ਜਿਲ੍ਹਾ ਸੰਗਰੂਰ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/-ਰੁਪਏ | ਨਗਰ ਪੰਚਾਇਤ, ਮੂਨਕ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਸੰਗਰੂਰ |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ | 05/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਸੰਗਰੂਰ |
| 4 | ਸੀਮਿੰਟ ਪ੍ਰਤੀ ਬੈਗ | 01/-ਰੁਪਏ | ਨਗਰ ਪੰਚਾਇਤ, ਮੂਨਕ |
| 5 | ਬਿਜਲੀ ਪ੍ਰਤੀ ਯੂਨਿਟ | 02 ਪੈਸਾ | ਕਾਰਜਕਾਰੀ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਸੁਨਾਮ |
| 6 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ | 1000/-ਰੁਪਏ | ਨਗਰ ਪੰਚਾਇਤ, ਮੂਨਕ |
| 7 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸ਼ਨ | 500/-ਰੁਪਏ | ਨਗਰ ਪੰਚਾਇਤ, ਮੂਨਕ |
| 8 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਸੰਗਰੂਰ |
| 9 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਸੰਗਰੂਰ |

3 ਲੜੀ ਨੰ: 2 ਅਤੇ 3 ਤੇ ਕਾਓ ਸੈਸ ਸਾਲ 2017-18 ਤੋਂ ਲਾਗੂ ਹੋਵੇਗਾ।

ਮਿਤੀ: ਚੰਡੀਗੜ੍ਹ
20.12.2016

ਡੀ.ਪੀ.ਰੈਡੀ, ਆਈ.ਏ.ਐਸ.
ਵਧੀਕ ਮੁੱਖ ਸਕੱਤਰ ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/03(20)/2016-5ਸਸ3/2843 ਮਿਤੀ, ਚੰਡੀਗੜ੍ਹ:21.12.2016

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਸੰਗਰੂਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜ਼ਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ।

ਵਿਸ਼ੇਸ਼ ਸਕੱਤਰ, ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/03(20)/2016-5ਸਸ3/ 2844 ਮਿਤੀ, ਚੰਡੀਗੜ੍ਹ: 21.12.2016

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬ, ਚੰਡੀਗੜ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
8 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
9 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
10 ਡਿਪਟੀ ਕਮਿਸ਼ਨਰ, ਸੰਗਰੂਰ
11 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਪਟਿਆਲਾ।
12 ਉਪ-ਮੰਡਲ ਮੈਜਿਸਟਰੇਟ, ਲਹਿਰਾਗਾਗਾ।
13 ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਮੂਨਕ ।
14 ਜਿਲ੍ਹਾ ਟਰਾਂਸਪੋਰਟ ਅਫਸਰ, ਸੰਗਰੂਰ
15 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ।
16 ਡਾਇਰੈਕਟਰ,ਟਾਊਨ ਪਲਾਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
17 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਸੰਗਰੂਰ
18 ਕਾਰਜਕਾਰੀ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਸੁਨਾਮ ।

ਵਿਸ਼ੇਸ਼ ਸਕੱਤਰ ਸਥਾਨਕ ਸਰਕਾਰ